ਪਿੰਡ ਨੌਸ਼ਹਿਰਾ ਵਿਖੇ ਖੇਤਾਂ ਵਿੱਚ ਪਰਾਲੀ ਨੂੰ ਅੱਗ ਲਗਾਉਣ ਵਾਲੇ ਕਿਸਾਨ ਨੂੰ ਕੀਤਾ ਜੁਰਮਾਨਾ

ਐਸ.ਡੀ.ਐਮ. ਵੱਲੋਂ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਅਪੀਲ

ਤਰਨਤਾਰਨ, 27 ਸਤੰਬਰ

ਐਸ.ਡੀ.ਐਮ. ਤਰਨਤਾਰਨ ਡਾ. ਅਮਨਦੀਪ ਕੌਰ ਵੱਲੋਂ ਬਲਾਕ ਗੰਡੀਵਿੰਡ ਦੇ ਅਧੀਨ ਆਉਦੇ ਪਿੰਡ ਨੌਸ਼ਹਿਰਾ ਵਿਖੇ ਖੇਤਾਂ ਵਿੱਚ ਪਰਾਲੀ ਨੂੰ ਅੱਗ ਲਗਾਏ ਜਾਣ ’ਤੇ ਕਿਸਾਨ ਸਤਨਾਮ ਸਿੰਘ ਪੁੱਤਰ ਅਜੀਤ ਸਿੰਘ ਨੂੰ 2500 ਰੁਪਏ ਜੁਰਮਾਨਾ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸ.ਡੀ.ਐਮ. ਨੇ ਦੱਸਿਆ ਕਿ ਨੈਸ਼ਨਲ ਗਰੀਨ ਟ੍ਰਿਬਿਊਨਲ ਵੱਲੋਂ ਫ਼ਸਲੀ ਰਹਿੰਦ- ਖੂਹੰਦ ਅਤੇ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ’ਤੇ ਪੂਰਨ ਰੂਪ ਵਿਚ ਪਾਬੰਦੀ ਲਗਾ ਦਿੱਤੀ ਗਈ ਹੈ। ਇਸ ਦੀ ਉਲੰਘਣਾ ਕਰਨ ’ਤੇ ਕਾਨੂੰਨੀ ਕਾਰਵਾਈ ਦੇ ਨਾਲ-ਨਾਲ 2500 ਰੁਪਏ ਤੋਂ ਲੈ ਕੇ 15,000 ਰੁਪਏ ਤੱਕ ਜੁਰਮਾਨਾ ਵੀ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਣ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਅੱਜ ਪਿੰਡ ਛੀਨਾ ਬਿਧੀ ਚੰਦ ਤੇ ਸਬ ਡਵੀਜ਼ਨ ਖਡੂਰ ਸਾਹਿਬ ਦੇ ਪਿੰਡ ਭਰੋਵਾਲ ਵਿਖੇ ਫ਼ਸਲਾਂ ਦੀ ਰਹਿੰਦ-ਖੰਹੂਦ ਦੀ ਸਾਂਭ-ਸੰਭਾਲ ਸਬੰਧੀ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਜਾਗਰੂਕ ਕਰਨ ਦੇ ਲਈ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾਇਆ ਗਿਆ।



ਉਨ੍ਹਾਂ ਕਿਹਾ ਕਿ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਫ਼ਸਲਾਂ ਦੀ ਰਹਿੰਦ-ਖੂੰਹਦ ਦੀ ਸੰਭਾਲ ਕਰਨ ਲਈ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ। ਇਸ ਲਈ ਪਿੰਡਾਂ ਤੇ ਬਲਾਕ ਪੱਧਰ ’ਤੇ ਜਾਗਰੂਕ ਕੈਂਪ ਲਗਾਏ ਜਾ ਰਹੇ ਹਨ ਅਤੇ ਨਾੜ ਜਾਂ ਪਰਾਲੀ ਸਾੜਣ ਨਾਲ ਹੋਣ ਵਾਲੇ ਨੁਕਸਾਨ ਬਾਰੇ ਦੱਸਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਨਾੜ ਜਾਂ ਪਰਾਲੀ ਨੂੰ ਅੱਗ ਲਾਉਣ ਨਾਲ ਜਿਥੇ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਹੈ, ਉਥੇ ਧਰਤੀ ਦੀ ਉਪਜਾਊ ਸ਼ਕਤੀ ’ਤੇ ਵੀ ਮਾੜਾ ਅਸਰ ਪੈਂਦਾ ਹੈ।



ਉਨ੍ਹਾਂ ਨੇ ਕਿਹਾ ਕਿ ਅੱਗ ਲਾਉਣ ਨਾਲ ਜ਼ਮੀਨ ਵਿਚਲੇ ਕੀਮਤੀ ਤੱਤ ਨਸ਼ਟ ਹੋ ਜਾਂਦੇ ਹਨ ਅਤੇ ਮਿੱਤਰ ਕੀੜੇ ਅਤੇ ਪੰਛੀ ਆਦਿ ਮਰ ਜਾਂਦੇ ਹਨ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨੂੰ ਅੱਗ ਨਾ ਲਗਾਉਣ। ਉਨ੍ਹਾਂ ਦੱਸਿਆ ਕਿ ਨਾੜ ਜਾਂ ਪਰਾਲੀ ਨੂੰ ਮਿੱਟੀ ਵਿੱਚ ਮਿਲਾਉਣ ਨਾਲ ਜਿਥੇ ਧਰਤੀ ਦੇ ਜੈਵਿਕ ਮਾਦੇ ਦੀ ਪੂਰਤੀ ਹੁੰਦੀ ਹੈ, ਉਥੇ ਧਰਤੀ ਦੀ ਬਣਤਰ ਵੀ ਠੀਕ ਬਣੀ ਰਹਿੰਦੀ ਹੈ ਅਤੇ ਜਮੀਨ ਦੀ ਪਾਣੀ ਜ਼ਜਬ ਕਰਨ ਦੀ ਸ਼ਕਤੀ ਵਿੱਚ ਵਾਧਾ ਹੁੰਦਾ ਹੈ। ਇਸ ਤੋਂ ਇਲਾਵਾ ਜ਼ਮੀਨ ਦੇ ਸੂਖਮ ਤੱਤ ਵੀ ਬਰਕਰਾਰ ਰਹਿੰਦੇ ਹਨ।